# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 14-06-2025**

**ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਸਾਈਪ੍ਰਸ, ਕੈਨੇਡਾ ਤੇ ਕ੍ਰੋਏਸ਼ੀਆ ਦੇ ਪੰਜ ਦਿਨਾਂ ਦੌਰੇ 'ਤੇ ਰਵਾਨਾ ਹੋਣਗੇ। ਸਾਈਪ੍ਰਸ ਦੇ ਰਾਸ਼ਟਰਪਤੀ ਨਿਕੋਸ ਕ੍ਰਿਸਟੋਡੌਲਾਈਡਜ਼ ਦੇ ਸੱਦੇ 'ਤੇ, ਪ੍ਰਧਾਨ ਮੰਤਰੀ ਮੋਦੀ ਕੱਲ੍ਹ ਸਾਈਪ੍ਰਸ ਦਾ ਅਧਿਕਾਰਤ ਦੌਰਾ ਕਰਨਗੇ। ਇਹ ਦੋ ਦਹਾਕਿਆਂ ਤੋਂ ਵੱਧ ਸਮੇਂ ਵਿੱਚ ਕਿਸੇ ਭਾਰਤੀ ਪ੍ਰਧਾਨ ਮੰਤਰੀ ਦੀ ਸਾਈਪ੍ਰਸ ਦੀ ਪਹਿਲੀ ਯਾਤਰਾ ਹੋਵੇਗੀ। ਇਹ ਯਾਤਰਾ ਦੋਵਾਂ ਦੇਸ਼ਾਂ ਦੀ ਦੁਵੱਲੇ ਸਬੰਧਾਂ ਨੂੰ ਡੂੰਘਾ ਕਰਨ ਤੇ ਭੂਮੱਧ ਸਾਗਰ ਖੇਤਰ ਤੇ ਯੂਰਪੀਅਨ ਯੂਨੀਅਨ ਨਾਲ ਭਾਰਤ ਦੇ ਸਬੰਧਾਂ ਨੂੰ ਮਜ਼ਬੂਤ ਕਰਨ ਦੀ ਸਾਂਝੀ ਵਚਨਬੱਧਤਾ ਦੀ ਪੁਸ਼ਟੀ ਕਰੇਗੀ । ਆਪਣੀ ਯਾਤਰਾ ਦੇ ਦੂਜੇ ਪੜਾਅ ਵਿੱਚ, ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਦੇ ਸੱਦੇ 'ਤੇ, ਸ਼੍ਰੀ ਮੋਦੀ 16 ਜੂਨ ਨੂੰ ਜੀ-7 ਸੰਮੇਲਨ ਵਿੱਚ ਹਿੱਸਾ ਲੈਣ ਲਈ ਕੈਨੇਡਾ ਦੇ**

ਕਨਾਨਾਸਕਿਸ ਜਾਣਗੇ । ਆਪਣੇ ਦੌਰੇ ਦੇ ਆਖਰੀ ਪੜਾਅ ਵਿੱਚ, ਪ੍ਰਧਾਨ ਮੰਤਰੀ ਮੋਦੀ 18 ਜੂਨ ਨੂੰ ਕ੍ਰੋਏਸ਼ੀਆ ਦਾ ਅਧਿਕਾਰਤ ਦੌਰਾ ਕਰਨਗੇ । ਇਹ ਕਿਸੇ ਭਾਰਤੀ ਪ੍ਰਧਾਨ ਮੰਤਰੀ ਦਾ ਕ੍ਰੋਏਸ਼ੀਆ ਦਾ ਪਹਿਲਾ ਦੌਰਾ ਹੋਵੇਗਾ।

-------------------------------------------------

ਅਹਿਮਦਾਬਾਦ  ਜਹਾਜ਼ ਹਾਦਸੇ ਦੀ ਜਾਂਚ ਜਾਰੀ ਏ , ਫੋਰੈਂਸਿਕ ਮਾਹਿਰ  ਹਾਦਸੇ ਵਾਲੀ ਥਾਂ ਦਾ ਦੌਰਾ ਕਰਕੇ ਵਿਸਥਾਰਤ ਜਾਂਚ ਕਰ ਰਹੇ ਨੇ । ਪੁਲਿਸ ਸੂਤਰਾਂ ਅਨੁਸਾਰ, ਘਟਨਾ ਸਥਾਨ ਤੋਂ ਇਕ ਬਲੈਕ ਬਾਕਸ ਬਰਾਮਦ ਕੀਤਾ ਗਿਆ ਏ । ਇਸ ਤੋਂ ਪਹਿਲਾਂ, ਗੁਜਰਾਤ ਅੱਤਵਾਦ ਵਿਰੋਧੀ ਦਸਤੇ (ਏਟੀਐਸ) ਨੇ ਉਸ ਸਥਾਨ ਤੋਂ ਇਕ ਡਿਜੀਟਲ ਵੌਇਸ ਰਿਕਾਰਡਰ ਬਰਾਮਦ ਕੀਤਾ ਸੀ। ਹਾਦਸੇ ਦਾ ਸਹੀ ਕਾਰਨ ਬਾਰੇ ਹਾਲੇ ਕੋਈ ਜਾਣਕਾਰੀ ਨਹੀਂ ਏ , ਘਟਨਾ ਦੇ ਸਬੰਧ ਵਿੱਚ ਮੇਘਾਨੀ ਨਗਰ ਪੁਲਿਸ ਸਟੇਸ਼ਨ ਵਿੱਚ ਹਾਦਸੇ ਵਿਚ ਮੌਤ ਲਈ ਐਫਆਈਆਰ ਦਰਜ ਕੀਤੀ ਗਈ ਏ । ਸਾਡੇ ਪੱਤਰਕਾਰ ਅਨੁਸਾਰ, ਸੱਤ ਤੋਂ ਵੱਧ ਲਾਸ਼ਾਂ ਮ੍ਰਿਤਕਾਂ ਦੇ ਪਰਿਵਾਰਾਂ ਨੂੰ ਸੌਂਪ

ਦਿੱਤੀਆਂ ਗਈਆਂ ਨੇ  ਜਦੋਂ ਕਿ ਪਛਾਣ ਵਿੱਚ ਸਹਾਇਤਾ ਲਈ 200 ਤੋਂ ਵੱਧ ਡੀਐਨਏ ਨਮੂਨੇ ਇਕੱਠੇ ਕੀਤੇ ਗਏ ਨੇ ।

---------------------------------------------------------------

ਅਮਰੀਕੀ ਮੀਡੀਆ ਰਿਪੋਰਟਾਂ ਅਨੁਸਾਰ ਈਰਾਨੀ ਮਿਜ਼ਾਈਲਾਂ ਨੂੰ ਡੇਗਣ ਵਿੱਚ ਅਮਰੀਕਾ ਵਲੋਂ ਇਜ਼ਰਾਇਲ ਦੀ ਸਹਾਇਤਾ ਕੀਤੀ ਗਈ । ਇਸ ਵਿਚ ਕਿਹਾ ਗਿਆ ਏ ਕਿ ਅਮਰੀਕੀ ਲੜਾਕੂ ਜਹਾਜ਼ ਅਸਮਾਨ ਵਿੱਚ ਗਸ਼ਤ ਕਰ ਰਹੇ ਨੇ ਤੇ ਅਮਰੀਕਾ ਜਹਾਜ਼ਾਂ ਸਮੇਤ ਆਪਣੇ ਫੌਜੀ ਸਰੋਤਾਂ ਨੂੰ ਖੇਤਰ ਵਿਚ ਤਬਦੀਲ ਕਰ ਰਿਹਾ ਏ । ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਵਿੱਚ ਈਰਾਨ ਦੇ  ਸਥਾਈ ਪ੍ਰਤੀਨਿਧ  ਨੇ  ਦੋਸ਼ ਲਗਾਇਆ ਏ ਕਿ ਇਜ਼ਰਾਈਲ ਦਾ ਈਰਾਨ ਵਿਰੁੱਧ ਹਮਲਾ ਵਾਸ਼ਿੰਗਟਨ ਦੁਆਰਾ ਪੂਰੀ ਤਰ੍ਹਾਂ ਸਮਰਥਤ ਏ। ਉਹਨਾਂ  ਕਿਹਾ ਕਿ ਇਜ਼ਰਾਈਲ ਵਲੋਂ ਇਰਾਨ ਤੇ ਕੀਤੇ ਹਮਲੇ ਵਿਚ 78 ਲੋਕ ਮਾਰੇ ਗਏ ਤੇ 320 ਹੋਰ ਜ਼ਖਮੀ ਹੋਏ ਨੇ ।

---------------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ

ਨੇ ਕਿਹਾ ਏ ਕਿ ਸੂਬਾ ਡੇਂਗੂ, ਕੋਵਿਡ-19 ਤੇ ਲੂ ਦੇ ਪ੍ਰਭਾਵ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਏ । ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵਲੋਂ ਲੋਕਾਂ ਨੂੰ ਡੇਂਗੂ, ਮਲੇਰੀਆ, ਚਿਕੁਨਗੁਣੀਆ, ਕੋਰੋਨਾ ਤੇ ਗਰਮੀ ਦੀ ਲਹਿਰ ਤੋਂ ਬਚਾਅ ਲਈ ਜਾਗਰੂਕ ਕੀਤਾ ਜਾ ਰਿਹਾ ਏ । ਡਾ. ਬਲਬੀਰ ਸਿੰਘ ਨੇ ਮੋਹਾਲੀ ਨੇੜਲੇ  ਪਿੰਡ ਬਲੌਂਗੀ ਦਾ ਦੌਰਾ ਕਰਦਿਆਂ  ਦੱਸਿਆ ਕਿ ਰਾਜ ਭਰ ਵਿੱਚ ਹਰ ਸ਼ੁੱਕਰਵਾਰ ਨੂੰ 50,000 ਤੋਂ ਵੱਧ ਟੀਮਾਂ ਘਰ-ਘਰ ਜਾ ਕੇ ਡੇਂਗੂ ਲਾਰਵਾ ਦੀ ਜਾਂਚ ਤੇ ਲੋਕਾਂ ਨੂੰ ਸਿੱਖਿਅਕ/ਜਾਗਰੂਕ ਕਰ ਰਹੀਆਂ ਨੇ । ਸਿਹਤ ਮੰਤਰੀ ਨੇ ਕਿਹਾ ਕਿ ਪਿਛਲੇ ਸਾਲ ਸਮੇਂ ਸਿਰ ਜਾਗਰੂਕਤਾ ਕਾਰਨ ਡੇਂਗੂ ਕੇਸ ਅੱਧੇ ਰਹਿ ਗਏ ਸਨ। ਇਸ ਵਾਰੀ ਸਾਨੂੰ 80% ਤੱਕ ਕਮੀ ਰਹਿਣ ਦੀ ਉਮੀਦ ਏ।

---------------------------------------------------------------

ਇਸ ਤੋਂ ਪਹਿਲਾਂ ਡਾ. ਬਲਬੀਰ ਸਿੰਘ ਨੇ  ਚੰਡੀਗੜ੍ਹ ਵਿਖੇ ਇਕ ਸਮਾਗਮ ਦੌਰਾਨ 46 ਹਾਈ-ਟੈਕ ਐਂਬੂਲੈਂਸਾਂ ਨੂੰ ਰਵਾਨਾ ਕੀਤਾ । ਉਹਨਾਂ  ਕਿਹਾ ਕਿ ਨਵੀਆਂ ਐਂਬੂਲੈਂਸਾਂ ਵਿਚ ਆਕਸੀਜਨ ਤੇ ਐਂਬੂ-ਬੈਗ, ਜੀਵਨ-ਰੱਖਿਅਕ ਦਵਾਈਆਂ, ਤੇ ਜੀਪੀਐਸ-ਸਮਰੱਥ ਟਰੈਕਿੰਗ

ਸਿਸਟਮ ਸ਼ਾਮਲ ਨੇ , ਉਹਨਾਂ ਕਿਹਾ ਕਿ  ਨਵੀਆਂ ਐਂਬੂਲੈਂਸਾਂ ਨੂੰ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਤਾਇਨਾਤ ਕੀਤਾ ਜਾਵੇਗਾ ਤਾਂ ਜੋ ਜ਼ਮੀਨੀ ਪੱਧਰ 'ਤੇ ਐਮਰਜੈਂਸੀ ਸੇਵਾਵਾਂ ਨੂੰ ਮਜ਼ਬੂਤ ਕੀਤਾ ਜਾ ਸਕੇ

------------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਲੁਧਿਆਣਾ ਜ਼ਿਲ੍ਹੇ ਦੇ ਐਸਡੀਐਮ ਰਾਏਕੋਟ ਦੇ ਦਫ਼ਤਰ ਵਿਚ ਤਾਇਨਾਤ ਜਤਿੰਦਰ ਸਿੰਘ ਸਟੈਨੋ ਨੂੰ 24 ਲੱਖ ਰੁਪਏ ਰਿਸ਼ਵਤ ਲੈਣ ਦੇ ਦੋਸ਼ ਵਿਚ ਗ੍ਰਿਫ਼ਤਾਰ ਕੀਤਾ ਏ । ਇਸ ਬਾਰੇ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਇਹ ਗ੍ਰਿਫ਼ਤਾਰੀ ਤਹਿਸੀਲ ਰਾਏਕੋਟ ਦੇ ਪਿੰਡ ਸੁਖਾਨਾ ਦੇ ਵਸਨੀਕ ਵੱਲੋਂ ਦਰਜ ਕਰਵਾਈ ਸ਼ਿਕਾਇਤ ਤੋਂ ਬਾਅਦ ਕੀਤੀ ਗਈ ਏ । ਵਿਜੀਲੈਂਸ ਬਿਊਰੋ ਦੀ ਟੀਮ ਨੇ ਦੋਸ਼ੀ ਜਤਿੰਦਰ ਸਿੰਘ ਸਟੈਨੋ ਤੋਂ ਪੁੱਛਗਿੱਛ ਕੀਤੀ ਤੇ ਉਸ ਦੇ ਦਫ਼ਤਰ ਦੀ ਤਲਾਸ਼ੀ ਦੌਰਾਨ 24 ਲੱਖ 6 ਹਜ਼ਾਰ ਰੁਪਏ ਦੀ ਨਕਦੀ ਬਰਾਮਦ ਹੋਈ । ਦੋਸ਼ੀ ਇਸ ਨਕਦੀ ਦੇ ਵੇਰਵੇ ਦੱਸਣ ਵਿਚ ਅਸਫਲ

ਰਿਹਾ ਤੇ ਵਿਜੀਲੈਂਸ ਬਿਊਰੋ ਦੀ ਟੀਮ ਨੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ।

------------------------------------------------

ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਕਰਮਜੀਤ ਸਿੰਘ ਨੇ ਕਿਹਾ ਏ ਕਿ ਯੂਨੀਵਰਸਿਟੀ ਵਿਦਆਰਥੀਆਂ ਨੂੰ ਐਂਟਰਪ੍ਰਨਰਸ਼ਿਪ ਅਧਾਰਤ ਕੋਰਸ ਕਰਵਾਏਗੀ ਤੇ ਉਨ੍ਹਾਂ ਨੂੰ ਆਪਣੇ ਬਿਜ਼ਨਸ ਸ਼ੁਰੂ ਕਰਨ ਦੀ ਸਿਖਲਾਈ ਦੇਵੇਗੀ। ਇਸ ਨਾਲ ਵਿਿਦਆਰਥੀ ਸਵੈ-ਨਿਰਭਰ ਬਣਨਗੇ ਤੇ ਦੇਸ਼ ਵਿੱਚ ਨਵੀਆਂ ਨੌਕਰੀਆਂ ਦੇ ਮੌਕੇ ਪੈਦਾ ਹੋਣਗੇ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਇਹ ਵੀ ਯਕੀਨੀ ਬਣਾਏਗੀ ਕਿ ਵਿਿਦਆਰਥੀ ਸਿਰਫ ਪੜ੍ਹਾਈ ਪ੍ਰਾਪਤ ਕਰਕੇ ਨੌਕਰੀਆਂ ਦੀ ਭਾਲ ਵਿੱਚ ਨਾ ਰਹਿਣ, ਸਗੋਂ ਉੱਚ ਗੁਣਵੱਤਾ ਵਾਲੀ ਸਿੱਖਿਆ ਨਾਲ ਜ਼ਿੰਮੇਵਾਰ ਨਾਗਰਿਕ ਬਣਨ ਤੇ ਸਮਾਜ ਵਿੱਚ ਸਕਾਰਾਤਮਕ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਇੰਟਰਪ੍ਰੀਨਿਊਰ ਤੇ ਹੋਰ ਵਿਿਸ਼ਆਂ ਨਾਲ ਸਬੰਧਤ ਯੂਨੀਵਰਸਿਟੀ ਨੇ 53 ਨਵੇਂ ਕੋਰਸ ਸ਼ੁਰੂ ਕੀਤੇ ਨੇ। ਉਹਨਾਂ ਦੱਸਿਆ ਕਿ ਗੁਰੂ ਨਾਨਕ

ਦੇਵ ਯੂਨੀਵਰਸਿਟੀ ਵਲੋਂ ਉਜ਼ਬੇਕਿਸਤਾਨ ਦੀ ਸਮਰਕੰਦ ਸਟੇਟ ਯੂਨੀਵਰਸਿਟੀ ਨਾਲ ਇਕ ਮਹੱਤਵਪੂਰਨ ਸਮਝੌਤੇ ’ਤੇ ਹਸਤਾਖਰ ਕੀਤੇ ਗਏ ਨੇ ।

---------------------------------------------------------

ਪੰਜਾਬ ਵਿੱਚ ਗਰਮੀ ਦਾ ਜ਼ੋਰ ਲਗਾਤਾਰ ਜਾਰੀ ਏ । ਮੌਸਮ ਵਿਭਾਗ ਨੇ ਅੱਜ ਵੀ ਓਰੇਂਜ ਅਲਰਟ ਜਾਰੀ ਕੀਤਾ ਏ । ਬਠਿੰਡਾ ਵਿੱਚ ਵੱਧ ਤੋਂ ਵੱਧ ਤਾਪਮਾਨ 46 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਜੋ ਪਿਛਲੇ 3-4 ਦਿਨਾਂ ਤੋਂ ਲਗਾਤਾਰ ਭਿਆਨਕ ਗਰਮੀ ਦੀ ਲਹਿਰ ਦੀ ਮਾਰ ਝੱਲ ਰਿਹਾ ਏ । ਹਾਲਾਂਕਿ ਔਸਤ ਵੱਧ ਤੋਂ ਵੱਧ ਤਾਪਮਾਨ ਵਿੱਚ ਮਨਫ਼ੀ 1.3 ਡਿਗਰੀ ਸੈਲਸੀਅਸ ਦੀ ਗਿਰਾਵਟ ਆਈ ਏ , ਪਰ ਇਹ ਅਜੇ ਵੀ ਆਮ ਨਾਲੋਂ 2.9 ਡਿਗਰੀ ਸੈਲਸੀਅਸ ਵੱਧ ਏ । ਕੱਲ੍ਹ 15 ਜੂਨ ਤੋਂ ਚੱਲ ਰਹੇ ਗਰਮ ਤੋਂ ਥੋੜ੍ਹੀ ਰਾਹਤ ਮਿਲਣ ਦੀ ਸੰਭਾਵਨਾ ਏ ।